# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :03-06-2026**

**ਪਹਿਲਾਂ ਬੁਲੇਟਿਨ ਦੀਆਂ ਖਾਸ ਖ਼ਬਰਾਂ।**

1 – ਭਾਰਤ ਨੇ ਅੱਜ ਦੁਹਰਾਇਆ ਏ ਕਿ ਪਾਕਿਸਤਾਨ ਵੱਲੋਂ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਲਗਾਤਾਰ ਹਮਾਇਤ ਦੇਣ ਦੇ ਜਵਾਬ ਵਿੱਚ ਸਿੰਧੂ ਜਲ ਸੰਧੀ IWT ਅਜੇ ਵੀ ਮੁਲਤਵੀ ਏ।

2 - ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਏ ਕਿ ਸੂਬਾ ਸਰਕਾਰ ਨੇ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਖਾਤਿਆਂ ‘ਚ ਘੱਟ ਪੈਸੇ ਪਾ ਕੇ ਪੰਜਾਬ ਦੀਆਂ ਔਰਤਾਂ ਨਾਲ ਧੋਖਾ ਕੀਤਾ ਏ।

3 - ਕਪੂਰਥਲਾ ਵਿੱਚ ਸਕੂਲਾਂ ਦੇ ਆਲੇ-ਦੁਆਲੇ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਗਏ ਨੇ।

4 - ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦਾ ਕਹਿਣਾ ਏ ਕਿ ਸੂਬੇ ਵਿੱਚ ਬਿਜਲੀ ਦੀ ਸਥਿਤੀ ਪੂਰੀ ਤਰ੍ਹਾਂ ਆਮ ਵਾਂਗ ਏ.

5 - ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ 6 ਤੋਂ 9 ਜੁਲਾਈ ਤੱਕ ਪੰਜਾਬ ਅਤੇ ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਦੇ ਨਾਲ-ਨਾਲ ਕੇਂਦਰ

ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਜ – ਚਮਕ ਨਾਲ ਭਾਰੀ ਮੀਂਹ ਦਾ YELLOW ਅਲਰਟ ਜਾਰੀ ਕੀਤਾ ਏ ।

**ਹੁਣ ਖ਼ਬਰਾਂ ਵਿਸਥਾਰ ਨਾਲ।**

---------------------------------------------------

ਭਾਰਤ ਨੇ ਅੱਜ ਦੁਹਰਾਇਆ ਏ ਕਿ ਪਾਕਿਸਤਾਨ ਵੱਲੋਂ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਲਗਾਤਾਰ ਹਮਾਇਤ ਦੇਣ ਦੇ ਜਵਾਬ ਵਿੱਚ ਸਿੰਧੂ ਜਲ ਸੰਧੀ IWT ਅਜੇ ਵੀ ਮੁਲਤਵੀ ਏ । ਅੱਜ ਸ਼ਾਮ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਜਾਣਕਾਰੀ ਦਿੰਦਿਆਂ, ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਕਿਹਾ ਕਿ, ਸਿੰਧੂ ਜਲ ਸੰਧੀ 'ਤੇ ਭਾਰਤ ਦਾ ਰੁਖ ਸਪਸ਼ਟ ਰਿਹਾ ਏ । ਉਨ੍ਹਾਂ ਕਿਹਾ ਕਿ ਪਾਕਿਸਤਾਨ ਨੂੰ ਸਰਹੱਦ ਪਾਰ ਦਹਿਸ਼ਤਗਰਦੀ ਤੋਂ ਭਰੋਸੇਯੋਗ ਅਤੇ ਸਥਾਈ ਤੌਰ ‘ਤੇ ਪਿਛੇ ਹਟਣਾ ਹੋਏਗਾ -

BYTE: RANDHIR JAISHWAL – 18 sec

---------------------------------------------------

ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਏ ਕਿ ਸੂਬਾ ਸਰਕਾਰ ਨੇ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਜਨਰਲ ਵਰਗ ਨੂੰ

ਸਿਰਫ਼ 1 ਹਜ਼ਾਰ ਰੁਪਏ ਪ੍ਰਤੀ ਮਹੀਨਾ ਅਤੇ ਪੱਟੀ ਦਰਜ ਜਾਤਾਂ ਵਰਗ ਨੂੰ 1500 ਰੁਪਏ ਪ੍ਰਤੀ ਮਹੀਨੇ ਦਾ ਤਬਾਦਲਾ ਕਰਕੇ ਪੰਜਾਬ ਦੀਆਂ ਔਰਤਾਂ ਨਾਲ ਧੋਖਾ ਕੀਤਾ ਏ। ਉਨ੍ਹਾਂ ਕਿਹਾ ਕਿ 2021 ਵਿੱਚ ਆਮ ਆਦਮੀ ਪਾਰਟੀ ਦੇ ਕਨਵੀਨਰ ਵੱਲੋਂ ਕੀਤੇ ਵਾਅਦੇ ਮੁਤਾਬਿਕ, 51 ਮਹੀਨਿਆਂ ਦੇ ਕੁੱਲ 51 ਹਜ਼ਾਰ ਰੁਪਏ ਦੀ ਰਕਮ ਦਾ ਔਰਤ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਤਬਾਦਲਾ ਕੀਤਾ ਜਾਣਾ ਸੀ – -

BYTE- KS DHILLON

ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸ੍ਰੀ ਢਿੱਲੋਂ ਨੇ ਕਿਹਾ ਕਿ ਜਿਵੇਂ ਐਲਾਨ ਕੀਤਾ ਗਿਆ ਸੀ, ਇਹ ਗਾਰੰਟੀ ਪੰਜਾਬ ਵਿੱਚ 18 ਸਾਲ ਤੋਂ ਵੱਧ ਉਮਰ ਦੀਆਂ ਹਰ ਔਰਤ ਲਈ ਸੀ, ਜਿਸ ਵਿੱਚ 1 ਕਰੋੜ 25 ਲਖ ਤੋਂ ਵੱਧ ਔਰਤਾਂ ਸ਼ਾਮਲ ਸਨ। ਪਰ ਮਾਨ ਸਰਕਾਰ ਦਾਅਵਾ ਕਰਦੀ ਏ ਕਿ ਉਨ੍ਹਾਂ ਨੇ ਸਿਰਫ਼ 36 ਲੱਖ ਔਰਤਾਂ ਨੂੰ ਪੈਸੇ ਟ੍ਰਾਂਸਫਰ ਕੀਤੇ ਨੇ. ਇਸਦਾ ਮਤਲਬ ਏ ਕਿ 89 ਲੱਖ ਤੋਂ ਵੱਧ ਔਰਤਾਂ ਨੂੰ ਵਾਅਦਾ ਕੀਤੇ ਗਏ 1 ਹਜ਼ਾਰ ਰੁਪਏ ਦੀ ਸਹਾਇਤਾ ਤੋਂ ਵੀ ਇਨਕਾਰ ਕੀਤਾ ਗਿਆ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਭਾਜਪਾ ਪੰਜਾਬ ਦੀਆਂ ਔਰਤਾਂ ਲਈ ਉਦੋਂ ਤੱਕ ਲੜਦੀ ਰਹੇਗੀ ਜਦੋਂ ਤੱਕ ਹਰ ਵਾਅਦਾ ਕੀਤਾ ਗਿਆ ਰੁਪਿਆ, ਉਨ੍ਹਾਂ ਦੇ ਬੈਂਕ ਖਾਤਿਆਂ ਤੱਕ ਨਹੀਂ

ਪਹੁੰਚ ਜਾਂਦਾ। ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਸਕੀਮ ਬੀਤੇ ਬੁਧਵਾਰ ਸ਼ੁਰੂ ਕੀਤੀ ਸੀ <><>

---

ਪੰਜਾਬ ਸਰਕਾਰ ਵਲੋਂ ਬੱਚਿਆਂ ਦੀ ਸਿਹਤ ਸੰਭਾਲ ਨੂੰ ਮੁੱਖ ਰੱਖਦਿਆਂ ਕਪੂਰਥਲਾ ਜ਼ਿਲ੍ਹੇ ਵਿੱਚ ਸਕੂਲਾਂ ਦੇ ਆਲੇ-ਦੁਆਲੇ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਮੁਕੰਮਲ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਗਏ ਨੇ । ਇਸ ਸਬੰਧੀ ਜਾਣਕਾਰੀ ਦਿੰਦਿਆਂ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਦੱਸਿਆ ਕਿ ਖੁਰਾਕੀ ਵਸਤਾਂ ਦੀ ਸੁਰਖਿਆ ਤੇ ਮਿਆਰਾਂ ਬਾਰੇ ਕਾਨੂੰਨ, 2006 ਤਹਿਤ ਸੂਬੇ ਭਰ ਵਿੱਚ ਬੱਚਿਆਂ ਨੂੰ ਐਨਰਜੀ ਡਰਿੰਕਸ ਵੇਚਣ 'ਤੇ ਇੱਕ ਸਾਲ ਲਈ ਰੋਕ ਲਗਾ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਇਹਨਾਂ ਹੁਕਮਾਂ ਤਹਿਤ ਦਿਹਾਤੀ ਇਲਾਕਿਆਂ ਵਿੱਚ ਸਕੂਲਾਂ ਦੇ 100 ਮੀਟਰ ਦੇ ਘੇਰੇ ਅੰਦਰ ਅਤੇ ਸ਼ਹਿਰੀ ਖੇਤਰਾਂ ਵਿੱਚ ਸਕੂਲਾਂ ਦੇ 50 ਮੀਟਰ ਦੇ ਘੇਰੇ ਅੰਦਰ ਆਉਂਦੀਆਂ ਸਾਰੀਆਂ ਦੁਕਾਨਾਂ, ਸਕੂਲ ਕੰਟੀਨਾਂ, ਜਾਂ ਕਿਸੇ ਵੀ ਹੋਰ ਵਪਾਰਕ ਅਦਾਰਿਆਂ ਵਿੱਚ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਮੁਕੰਮਲ ਰੋਕ ਰਹੇਗੀ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਅਤੇ ਫੂਡ ਸੇਫਟੀ ਟੀਮਾਂ ਨੂੰ ਨਿਰਦੇਸ਼ ਦਿੱਤੇ ਕਿ ਉਹ ਸਕੂਲਾਂ ਦੇ ਆਲੇ-ਦੁਆਲੇ ਅਤੇ ਬਜ਼ਾਰਾਂ ਵਿੱਚ ਨਿਰੰਤਰ ਚੈਕਿੰਗ ਮੁਹਿੰਮ ਚਲਾਉਣ ਤਾਂ ਜੋ ਬੱਚਿਆਂ ਦੇ

ਭਵਿੱਖ ਅਤੇ ਸਿਹਤ ਨਾਲ ਖਿਲਵਾੜ ਕਰਨ ਵਾਲਿਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾ ਸਕੇ।

ਉਨ੍ਹਾਂ ਜ਼ਿਲ੍ਹੇ ‘ਚ ਖਾਣੇ ਦਾ ਕੰਮ ਕਰਨ ਵਾਲੇ ਸਾਰਿਆਂ ਅਤੇ ਦੁਕਾਨਦਾਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਕੋਈ ਵੀ ਵਿਅਕਤੀ ਜਾਂ ਦੁਕਾਨਦਾਰ ਇਹਨਾਂ ਹੁਕਮਾਂ ਦੀ ਉਲੰਘਣਾ ਕਰਦਾ ਪਾਇਆ ਗਿਆ, ਤਾਂ ਉਸ ਖੁਰਾਕੀ ਵਸਤਾਂ ਦੀ ਸੁਰਖਿਆ ਤੇ ਮਿਆਰਾਂ ਬਾਰੇ ਕਾਨੂੰਨ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਅਪੀਲ ਕੀਤੀ ਕਿ ਕਿਸੇ ਵੀ ਤਰ੍ਹਾਂ ਦੀ ਮਦਦ ਲਈ ਜ਼ਿਲ੍ਹਾ ਪ੍ਰਸ਼ਾਸਨ ਦੇ ਹੈਲਪਲਾਈਨ ਨੰਬਰ 0-182-22-337-77 ’ਤੇ ਸੰਪਰਕ ਕੀਤਾ ਜਾ ਸਕਦਾ ਏ ।

---------------------------------------------------------------

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (PSPCL) ਦੇ ਸੀ.ਐਮ.ਡੀ., ਡਾ: ਬਸੰਤ ਗਰਗ ਨੇ ਦੱਸਿਆ ਏ ਕਿ ਸੂਬੇ ਵਿੱਚ ਬਿਜਲੀ ਦੀ ਸਥਿਤੀ ਪੂਰੀ ਤਰ੍ਹਾਂ ਆਮ ਵਾਂਗ ਏ ਅਤੇ ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਭਰ ਦੇ ਖੇਤੀਬਾੜੀ ਫੀਡਰਾਂ ਨੂੰ 20 ਘੰਟਿਆਂ ਤੱਕ ਬਿਜਲੀ ਸਪਲਾਈ ਮਿਲੀ ਏ । ਉਨ੍ਹਾਂ ਸਪੱਸ਼ਟ ਕੀਤਾ ਕਿ 27 ਤੋਂ 30 ਜੂਨ ਦਰਮਿਆਨ ਸੂਬੇ ਵਿੱਚ ਕੁਝ ਦਿਨਾਂ ਲਈ ਬਿਜਲੀ ਦੀ ਆਰਜ਼ੀ ਕਮੀ

ਆਈ ਸੀ, ਜਿਸ ਦੌਰਾਨ ਕੁਝ ਖੇਤੀਬਾੜੀ ਫੀਡਰਾਂ ਨੂੰ ਨਿਰਧਾਰਤ 8 ਘੰਟਿਆਂ ਦੀ ਬਜਾਏ ਸਿਰਫ਼ 6 ਤੋਂ 7 ਘੰਟੇ ਹੀ ਸਪਲਾਈ ਮਿਲੀ। ਸਿਰਫ਼ 1-2 ਘੰਟੇ ਦੀ ਇਹ ਰੁਕਾਵਟ, ਅਤਿ ਦੀ ਗਰਮੀ ਦੌਰਾਨ ਬਿਜਲੀ ਦੀ ਰਿਕਾਰਡ ਮੰਗ ਅਤੇ ਤਾਪ ਬਿਜਲੀ ਘਰਾਂ ਦੇ ਠੇਕਾ ਮੁਲਾਜ਼ਮਾਂ ਦੀ ਹੜਤਾਲ ਦੇ ਇੱਕੋ ਸਮੇਂ ਪਏ ਪ੍ਰਭਾਵ ਕਾਰਨ ਹੋਈ ਸੀ, ਜਿਸ ਨਾਲ ਬਿਜਲੀ ਉਤਪਾਦਨ ਪ੍ਰਭਾਵਿਤ ਹੋਇਆ ਸੀ. ਪਰ ਹੁਣ ਸੂਬੇ ਭਰ ਵਿੱਚ ਬਿਜਲੀ ਦੀ ਆਮ ਸਪਲਾਈ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਗਈ ਏ। ਉਨ੍ਹਾਂ ਕਿਹਾ ਕਿ ਪੀ.ਐਸ.ਪੀ.ਸੀ.ਐਲ. ਨੇ ਚੱਲ ਰਹੀ ਝੋਨੇ ਦੀ ਰੁਤ ਦੌਰਾਨ ਭਰੋਸੇਯੋਗ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵਿਸ਼ੇਸ਼ ਸੰਚਾਲਨ ਪ੍ਰਬੰਧ ਕੀਤੇ ਨੇ.

---------------------------------------------------------------

ਅੰਮ੍ਰਿਤਸਰ ਦੇ ਸੁਲਤਾਨਵਿੰਡ ਰੋਡ 'ਤੇ ਅੱਜ ਇੱਕ ਬੇਹੱਦ ਦਰਦਨਾਕ ਸੜਕ ਹਾਦਸਾ ਵਾਪਰਿਆ, ਜਿੱਥੇ ਇੱਕ ਤੇਜ਼ ਰਫ਼ਤਾਰ ਓਵਰਲੋਡ ਟਿੱਪਰ ਨੇ ਸਕੂਟਰ ਸਵਾਰਾਂ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਇਸ ਹਾਦਸੇ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ . ਮੌਕੇ 'ਤੇ ਹਾਜ਼ਰ ਲੋਕਾਂ ਅਤੇ ਪਰਿਵਾਰਕ ਮੈਂਬਰਾਂ ਮੁਤਾਬਕ, ਇਹ ਟਿੱਪਰ ਸ਼ਹਿਰ ਦੇ ਅੰਦਰ ਗੈਰ-ਕਾਨੂੰਨੀ ਢੰਗ ਨਾਲ ਚੱਲ ਰਿਹਾ ਸੀ, ਕਿਉਂਕਿ ਦਿਨ ਦੇ ਸਮੇਂ ਇੱਥੇ ਭਾਰੀ

ਵਾਹਨਾਂ ਦੇ ਦਾਖਿਲ ਹੋਣ 'ਤੇ ਪਾਬੰਦੀ ਹੁੰਦੀ ਏ। ਪਰਿਵਾਰਕ ਮੈਂਬਰਾਂ ਦਾ ਇਲਜ਼ਾਮ ਏ ਕਿ ਡਰਾਈਵਰ ਨਸ਼ੇ ਦੀ ਹਾਲਤ ਵਿੱਚ ਸੀ ਅਤੇ ਗੱਡੀ ਬੇਕਾਬੂ ਹੋ ਕੇ ਚਲਾ ਰਿਹਾ ਸੀ। ਪੀੜਤਾਂ ਨੇ ਦੱਸਿਆ ਕਿ ਮ੍ਰਿਤਕ ਆਪਣੇ ਕੰਮ 'ਤੇ ਜਾ ਰਿਹਾ ਸੀ ਜਦੋਂ ਟਿੱਪਰ ਨੇ ਉਸਨੂੰ ਟੱਕਰ ਮਾਰੀ।
ਪੁਲਿਸ ਅਧਿਕਾਰੀਆਂ ਨੇ ਮੌਕੇ 'ਤੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ ਅਤੇ ਮ੍ਰਿਤਕ ਦੇਹ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਏ। ਪੁਲਿਸ ਨੇ ਭਰੋਸਾ ਦਿੱਤਾ ਏ ਕਿ ਮੁਲਜ਼ਮ ਖਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਘਟਨਾ ਦੇ ਹਰ ਪਹਿਲੂ ਦੀ ਜਾਂਚ ਕੀਤੀ ਜਾਵੇਗੀ।

---------------------------------------------------------

ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ ਐਤਵਾਰ 6 ਤੋਂ 9 ਜੁਲਾਈ ਤੱਕ ਪੰਜਾਬ ਅਤੇ ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਦੇ ਨਾਲ-ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਜ – ਚਮਕ ਨਾਲ ਭਾਰੀ ਮੀਂਹ ਦੀ ਪੇਸ਼ੀਨਗੋਈ ਕੀਤੀ ਏ ਅਤੇ YELLOW ਅਲਰਟ ਜਾਰੀ ਕੀਤਾ ਏ। ਇਸ ਦੌਰਾਨ, ਵੱਧ ਤੋਂ ਵੱਧ ਤਾਪਮਾਨ ਵਿੱਚ ਗਿਰਾਵਟ ਨੇ ਭਾਵੇਂ ਗਰਮੀ ਤੋਂ ਰਾਹਤ ਦਿੱਤੀ ਏ ਪਰ ਮੌਜੂਦਾ ਉਮਸ ਲੋਕਾਂ ਨੂੰ ਪਰੇਸ਼ਾਨ ਕਰ ਰਹੀ ਏ. ਪਿਛਲੇ 24 ਘੰਟਿਆਂ ਵਿੱਚ ਪੰਜਾਬ ਵਿੱਚ ਵੱਧ ਤੋਂ ਵੱਧ ਤਾਪਮਾਨ

ਗੁਰਦਾਸਪੁਰ ਵਿੱਚ 36 . 5 ਡਿਗਰੀ ਸੈਲਸੀਅਸ ਅਤੇ ਹਰਿਆਣਾ ਦੇ ਅੰਬਾਲਾ ਵਿੱਚ 38 . 6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

-------------------------------------------------------

1– ਭਾਰਤ ਨੇ ਅੱਜ ਦੁਹਰਾਇਆ ਏ ਕਿ ਪਾਕਿਸਤਾਨ ਵੱਲੋਂ ਸਰਹੱਦ ਪਾਰ ਦਹਿਸ਼ਤਗਰਦੀ ਨੂੰ ਲਗਾਤਾਰ ਹਮਾਇਤ ਦੇਣ ਦੇ ਜਵਾਬ ਵਿੱਚ ਸਿੰਧੂ ਜਲ ਸੰਧੀ IWT ਅਜੇ ਵੀ ਮੁਲਤਵੀ ਏ।

2 - ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਕਿਹਾ ਏ ਕਿ ਸੂਬਾ ਸਰਕਾਰ ਨੇ 'ਮਾਵਾਂ ਧੀਆਂ ਸਤਿਕਾਰ ਯੋਜਨਾ' ਤਹਿਤ ਖਾਤਿਆਂ ‘ਚ ਘੱਟ ਪੈਸੇ ਪਾ ਕੇ ਪੰਜਾਬ ਦੀਆਂ ਔਰਤਾਂ ਨਾਲ ਧੋਖਾ ਕੀਤਾ ਏ।

3 - ਕਪੂਰਥਲਾ ਵਿੱਚ ਸਕੂਲਾਂ ਦੇ ਆਲੇ-ਦੁਆਲੇ ਐਨਰਜੀ ਡਰਿੰਕਸ ਦੀ ਵਿਕਰੀ 'ਤੇ ਮੁਕੰਮਲ ਪਾਬੰਦੀ ਲਾਉਣ ਦੇ ਹੁਕਮ ਜਾਰੀ ਕੀਤੇ ਗਏ ਨੇ।

4 - ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਦਾ ਕਹਿਣਾ ਏ ਕਿ ਸੂਬੇ ਵਿੱਚ ਬਿਜਲੀ ਦੀ ਸਥਿਤੀ ਪੂਰੀ ਤਰ੍ਹਾਂ ਆਮ ਵਾਂਗ ਏ.

5 - ਚੰਡੀਗੜ੍ਹ ਸਥਿਤ ਮੌਸਮ ਵਿਭਾਗ ਨੇ 6 ਤੋਂ 9 ਜੁਲਾਈ ਤੱਕ ਪੰਜਾਬ ਅਤੇ ਹਰਿਆਣਾ ਦੇ ਜ਼ਿਆਦਾਤਰ ਹਿੱਸਿਆਂ ਦੇ ਨਾਲ-ਨਾਲ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਗਰਜ – ਚਮਕ ਨਾਲ ਭਾਰੀ ਮੀਂਹ ਦਾ YELLOW ਅਲਰਟ ਜਾਰੀ ਕੀਤਾ ਏ।